**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ।**

**(ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)**

ਪਬਲਿਕ ਨੋਟਿਸ

ਨੰ: 313095/1 ਮਿਤੀ 24-09-2024

1.0 ਪੰਜਾਬ ਰਾਜ ਦੇ ਪ੍ਰਾਇਮਰੀ ਸਕੂਲਾਂ ਵਿੱਚ ਈਟੀਟੀ ਕਾਡਰ ਦੀਆਂ 5994 ਅਸਾਮੀਆਂ ਭਰਨ ਲਈ ਸਿੱਖਿਆ ਵਿਭਾਗ ,ਪੰਜਾਬ ਵੱਲੋਂ ਮਿਤੀ 12-10-2022 ਨੂੰ ਇਸਤਿਹਾਰ ਪ੍ਰਕਾਸਿਤ ਕੀਤਾ ਗਿਆ ਸੀ। ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਵਲੋਂ ਸਿਲੈਕਟ ਉਮੀਦਵਾਰਾਂ ਦੀ ਕੈਟਾਗਰੀ ਵਾਈਜ ਚੋਣ ਨਤੀਜਾ ਮਿਤੀ 01.09.2024 ਨੂੰ ਵੈਬਸਾਈਟ ਤੇ ਅਪਲੋਡ ਕੀਤੀ ਗਈ। ਪਹਿਲੇ ਪੜਾਅ ਵਿੱਚ ਇਸ ਸਿਲੈਕਸਨ ਲਿਸਟ ਵਿਚਲੇ ਯੋਗ ਉਮੀਦਵਾਰਾਂ ਨੂੰ ਮੌਜੂਦਾ ਖਾਲੀ ਅਸਾਮੀਆਂ ਵਿਰੁੱਧ ਸਟੇਟ ਐਮ.ਆਈ.ਐਸ ਸੈੱਲ ਵਲੋਂ ਆਨਲਾਈਨ ਪ੍ਰਕਿਰਿਆ ਰਾਹੀਂ ਸਟੇਸਨ ਚੋਣ ਕਰਵਾਈ ਜਾਣੀ ਹੈ। ਸਟੇਸ਼ਨ ਚੋਣ ਦੇ ਮੰਤਵ ਲਈ ਪੋਰਟਲ ਮਿਤੀ 27.09.2024 ਤੋਂ 29.09.2024 ਤੱਕ ਖੁਲਾ ਰਹੇਗਾ।

2.0 ਯੋਗ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਸਡਿਊਲ ਅਨੁਸਾਰ ਸਟੇਸ਼ਨ ਚੋਣ ਕਰਨਾ ਯਕੀਨੀ ਬਣਾਇਆ ਜਾਵੇ। ਹਰੇਕ ਉਮੀਦਵਾਰ ਆਪਣੀ ਆਈ.ਡੀ. ਵਿੱਚ ਸੋਅ ਹੋ ਰਹੀ ਵੈਕੰਸੀ ਲਿਸਟ ਵਿੱਚੋਂ ਆਪਣੀ ਚੁਆਇਸ ਦੇ ਜਿੰਨੇ ਮਰਜੀ ਸਟੇਸ਼ਨਾਂ ਦੀ ਆਪਸ਼ਨ ਆਪਣੀ ਆਈ ਡੀ ਵਿੱਚ ਭਰ ਸਕਦੇ ਹਨ। ਇਹ ਪ੍ਰਕਿਰਿਆ ਸਮੁੱਚੇ ਰੂਪ ਵਿੱਚ ਆਨ-ਲਾਈਨ ਹੀ ਹੋਵੇਗੀ। ਜਿਹੜੇ ਯੋਗ ਉਮੀਦਵਾਰ ਸਟੇਸ਼ਨ ਚੋਣ ਨਹੀਂ ਕਰਨਗੇ ਉਹਨਾਂ ਨੂੰ ਖਾਲੀ ਰਹਿੰਦੇ ਸਟੇਸ਼ਨਾਂ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕਿਰਿਆ ਤਹਿਤ **MIS** ਵੱਲੋਂ ਅਲਾਟ ਕਰ ਦਿੱਤਾ ਜਾਵੇਗਾ, ਜਿਸਨੂੰ ਮੁੜ ਬਦਲਿਆ ਨਹੀਂ ਜਾਵੇਗਾ।

3.0 ਇਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਉਮੀਦਵਾਰ ਵੱਲੋਂ ਸਟੇਸ਼ਨ ਚੋਣ ਲਈ ਆਪਣੇ ਚੁਣੇ ਗਏ ਸਟੇਸ਼ਨਾਂ ਦੀ ਅਲਾਟਮੈਂਟ, ਉਸ ਤੋਂ ਹਾਇਰ ਮੈਰਿਟ ਵਾਲੇ ਉਮੀਦਵਾਰ ਨੂੰ ਹੋ ਜਾਂਦੀ ਹੈ (ਭਾਵ ਉਸ ਵੱਲੋਂ ਚੁਣੇ ਗਏ ਸਾਰੇ ਸਟੇਸ਼ਨ ਹੋਰ ਉਮੀਦਵਾਰਾਂ ਨੂੰ ਅਲਾਟ ਹੋ ਚੁੱਕੇ ਹੋਣਗੇ) ਤਾਂ ਅਜਿਹੀ ਸੂਰਤ ਵਿੱਚ ਉਸਨੂੰ ਵੀ ਖਾਲੀ ਰਹਿੰਦੇ ਸਟੇਸ਼ਨਾ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ ਵਿਭਾਗ ਦੀ **MIS** ਸ਼ਾਖਾ ਵੱਲੋਂ ਅਲਾਟ ਹੋ ਜਾਵੇਗਾ।

4.0 ਇਥੇ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਜੋ ਉਮੀਦਵਾਰ 6635 ਅਤੇ 2364 ਭਰਤੀ ਅਧੀਨ ਪਹਿਲਾਂ ਨਿਯੁਕਤ ਹੋ ਚੁੱਕੇ ਹਨ ਅਤੇ ਬਤੌਰ ਈ ਟੀ ਟੀ ਟੀਚਰ ਕੰਮ ਕਰ ਰਹੇ ਹਨ, ਉਹ ਉਮਦੀਵਾਰ ਇਸ ਭਰਤੀ ਵਿੱਚ ਨਿਯੁਕਤੀ ਪੱਤਰ ਲੈਣ ਦੇ ਹੱਕਦਾਰ ਹੋਣਗੇ ਪ੍ਰੰਤੂ ਉਹਨਾਂ ਦੀ ਨਿਯੁਕਤੀ ਦਾ ਸਥਾਨ ਉਹੀ ਰਹੇਗਾ ਜਿਸ ਸਟੇਸ਼ਨ ਤੇ ਉਹ ਮੌਜੂਦਾ ਸਮੇਂ ਵਿੱਚ ਕੰਮ ਕਰ ਰਹੇ ਹਨ।

ਸਹਾਇਕ ਡਾਇਰੈਕਟਰ (ਅਮਲਾ – 2)